# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 10-05-2025**

- ਭਾਰਤੀ ਹਥਿਆਰਬੰਦ ਫੌਜਾਂ ਨੇ, ਪਾਕਿਸਤਾਨ ਦੀਆਂ ਵਧ ਰਹੀਆਂ ਹਮਲਾਵਰ ਅਤੇ ਭੜਕਾਊ ਕਾਰਵਾਈਆਂ ਦੇ ਜਵਾਬ ਵਿੱਚ, ਉਸਦੇ ਫੌਜੀ ਠਿਕਾਣਿਆਂ 'ਤੇ ਸਟੀਕ ਹਮਲੇ ਕੀਤੇ।
- ਭਾਰਤ ਵੱਲੋਂ ਆਪ੍ਰੇਸ਼ਨ ਸਿੰਦੂਰ ਸ਼ੁਰੂ ਕਰਨ ਤੋਂ ਬਾਅਦ, ਪਾਕਿਸਤਾਨ ਵਿੱਚ ਜੈਸ਼-ਏ-ਮੁਹੰਮਦ ਅਤੇ ਲਸ਼ਕਰ-ਏ-ਤੋਇਬਾ ਦੇ ਪੰਜ ਦਹਿਸ਼ਤਗਰਦ ਮਾਰੇ ਗਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਤਿੰਨਾਂ ਫੌਜਾਂ ਦੇ ਮੁਖੀਆਂ ਨਾਲ ਮੀਟਿੰਗ ਕੀਤੀ।
- ਭਾਰਤੀ ਹਵਾਈ ਅੱਡਾ ਅਥਾਰਟੀ ਵਲੋਂ 15 ਮਈ ਤੱਕ, ਦੇਸ਼ ਦੇ ਉੱਤਰੀ ਅਤੇ ਪੱਛਮੀ ਖੇਤਰਾਂ ਦੇ 32 ਹਵਾਈ ਅੱਡਿਆਂ ਤੋਂ ਉਡਾਣਾਂ ਨੂੰ ਅਸਥਾਈ ਤੌਰ 'ਤੇ ਬੰਦ ਕਰਨ ਦਾ ਐਲਾਨ।
- ਉਤਰੀ ਰੇਲਵੇ ਵਲੋਂ ਅੰਮ੍ਰਿਤਸਰ ਤੋਂ ਰਾਤ ਨੂੰ ਚੱਲਣ ਵਾਲੀਆਂ ਸਾਰੀਆਂ ਰੇਲ ਗੱਡੀਆਂ ਰੱਦ ।

-------------------------------------------------------

ਭਾਰਤੀ ਹਥਿਆਰਬੰਦ ਬਲਾਂ ਨੇ ਪਾਕਿਸਤਾਨ ਦੀਆਂ ਵਧਦੀਆਂ ਹਮਲਾਵਰ ਅਤੇ ਭੜਕਾਊ ਕਾਰਵਾਈਆਂ ਦੇ ਜਵਾਬ ਵਿੱਚ, ਪਾਕਿਸਤਾਨ ਦੇ ਤਕਨੀਕੀ ਬੁਨਿਆਦੀ ਢਾਂਚੇ, ਕਮਾਂਡ ਅਤੇ ਕੰਟਰੋਲ ਕੇਂਦਰਾਂ, ਰਾਡਾਰ ਸਾਈਟਾਂ ਅਤੇ ਹਥਿਆਰਾਂ ਦੇ ਭੰਡਾਰਨ ਖੇਤਰਾਂ ਸਮੇਤ ਫੌਜੀ ਸਥਾਪਨਾਵਾਂ 'ਤੇ ਸਟੀਕ ਹਮਲੇ ਕੀਤੇ ਨੇ। ਅੱਜ ਨਵੀਂ ਦਿੱਲੀ ਵਿੱਚ ਆਪ੍ਰੇਸ਼ਨ ਸਿੰਦੂਰ ਬਾਰੇ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਵਿੱਚ, ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪਾਕਿਸਤਾਨੀ ਸੈਨਿਕਾਂ ਨੂੰ ਅੱਗੇ ਵਾਲੇ ਇਲਾਕਿਆਂ ਵੱਲ ਵਧਦੇ ਦੇਖਿਆ ਗਿਆ ਏ। ਇਹ ਇਸ ਗੱਲ ਦਾ ਸਪੱਸ਼ਟ ਸੰਕੇਤ ਏ ਕਿ ਪਾਕਿਸਤਾਨ ਸਥਿਤੀ ਨੂੰ ਹੋਰ ਵਿਗੜਨਾ ਚਾਹੁੰਦਾ ਏ। ਉਨ੍ਹਾਂ ਕਿਹਾ ਕਿ ਭਾਰਤੀ ਹਥਿਆਰਬੰਦ ਬਲਾਂ ਨੇ ਪਾਕਿਸਤਾਨ ਦੀਆਂ ਸਾਰੀਆਂ ਦੁਸ਼ਮਣੀ ਵਾਲੀਆਂ ਕਾਰਵਾਈਆਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦਿੱਤਾ ਏ। ਕਰਨਲ ਸੋਫੀਆ ਕੁਰੈਸ਼ੀ ਨੇ ਕਿਹਾ ਕਿ ਪਾਕਿਸਤਾਨੀ ਫੌਜ ਡਰੋਨ, ਲੰਬੀ ਦੂਰੀ ਦੇ ਹਥਿਆਰਾਂ ਅਤੇ ਲੜਾਕੂ ਜਹਾਜ਼ਾਂ ਨਾਲ ਪੱਛਮੀ ਸਰਹੱਦਾਂ 'ਤੇ ਲਗਾਤਾਰ ਹਮਲੇ ਕਰ ਰਹੀ ਏ। ਉਨ੍ਹਾਂ ਕਿਹਾ ਕਿ ਭਾਰਤ ਨੇ ਇਨ੍ਹਾਂ ਹਮਲਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਾਕਾਮ ਕਰ ਦਿੱਤਾ ਏ। **BYTE:**

ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਸ੍ਰੀਨਗਰ ਤੋਂ ਛਲੀਆ ਤੱਕ 26 ਤੋਂ ਵੱਧ ਥਾਵਾਂ 'ਤੇ ਹਵਾਈ ਘੁਸਪੈਠ ਦੀ ਕੋਸ਼ਿਸ਼ ਕੀਤੀ ਅਤੇ ਊਧਮਪੁਰ, ਭੁਜ, ਪਠਾਨਕੋਟ, ਬਠਿੰਡਾ ਵਿੱਚ ਹਵਾਈ ਸੈਨਾ ਦੇ ਠਿਕਾਣਿਆਂ ਨੂੰ ਨੁਕਸਾਨ ਪਹੁੰਚਾਇਆ। ਕਰਨਲ ਕੁਰੈਸ਼ੀ ਨੇ ਕਿਹਾ ਕਿ ਪਾਕਿਸਤਾਨ ਨੇ ਕੱਲ੍ਹ ਰਾਤ ਪੰਜਾਬ ਵਿੱਚ ਇੱਕ ਏਅਰਬੇਸ ਨੂੰ ਨਿਸ਼ਾਨਾ ਬਣਾਉਣ ਲਈ ਤੇਜ਼ ਰਫ਼ਤਾਰ ਮਿਜ਼ਾਈਲਾਂ ਦੀ ਵਰਤੋਂ ਕੀਤੀ ਅਤੇ ਸ੍ਰੀਨਗਰ, ਅਵੰਤੀਪੁਰ ਅਤੇ ਊਧਮਪੁਰ ਵਿੱਚ ਸਿਹਤ ਕੇਂਦਰਾਂ ਅਤੇ ਸਕੂਲਾਂ ਨੂੰ ਵੀ ਨਿਸ਼ਾਨਾ ਬਣਾਇਆ। ਉਨ੍ਹਾਂ ਕਿਹਾ ਕਿ ਭਾਰਤੀ ਹਥਿਆਰਬੰਦ ਸੈਨਾ ਤਣਾਅ ਵਧਾਉਣਾ ਨਹੀਂ ਚਾਹੁੰਦੀਆਂ, ਬਸ਼ਰਤੇ ਪਾਕਿਸਤਾਨ ਵੱਲੋਂ ਵੀ ਅਜਿਹੀ ਕੋਈ ਕਾਰਵਾਈ ਨਾ ਕੀਤੀ ਜਾਵੇ। ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਪਾਕਿਸਤਾਨ ਦੇ ਭਾਰਤੀ S-400 ਹਵਾਈ ਰੱਖਿਆ ਪ੍ਰਣਾਲੀ, ਸੂਰਤਗੜ੍ਹ ਅਤੇ ਸਿਰਸਾ ਵਿਖੇ ਹਵਾਈ ਖੇਤਰਾਂ ਨੂੰ ਤਬਾਹ ਕਰਨ ਦੇ ਝੂਠੇ ਦਾਅਵਿਆਂ ਨੂੰ ਖਾਰਜ ਕਰ ਦਿੱਤਾ। ਉਨ੍ਹਾਂ ਇਨ੍ਹਾਂ ਦਾਅਵਿਆਂ ਨੂੰ ਬੇਬੁਨਿਆਦ ਕਰਾਰ ਦਿੱਤਾ ਅਤੇ ਇਸਨੂੰ ਪਾਕਿਸਤਾਨ ਵੱਲੋਂ ਲਗਾਤਾਰ ਪ੍ਰਚਾਰ ਦੀ ਕੋਸ਼ਿਸ਼ ਦੱਸਿਆ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਪਾਕਿਸਤਾਨ ਦੀਆਂ ਭੜਕਾਊ ਕਾਰਵਾਈਆਂ ਤਣਾਅ ਵਧਾਉਣ ਵਾਲੀਆਂ ਸਨ ਅਤੇ ਭਾਰਤ ਨੇ ਇਸਦਾ ਸੰਜਮ ਨਾਲ ਜਵਾਬ ਦਿੱਤਾ। ਹਥਿਆਰਬੰਦ ਡਰੋਨਾਂ ਨੇ ਫਿਰੋਜ਼ਪੁਰ, ਅੰਮ੍ਰਿਤਸਰ ਅਤੇ ਪਠਾਨਕੋਟ

ਸਮੇਤ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ, ਪਰ ਭਾਰਤੀ ਰੱਖਿਆ ਬਲਾਂ ਨੇ ਇਨ੍ਹਾਂ ਕੋਸ਼ਿਸ਼ਾਂ ਨੂੰ ਸਫਲਤਾਪੂਰਵਕ ਨਾਕਾਮ ਕਰ ਦਿੱਤਾ । ਹਾਲਾਂਕਿ, ਫਿਰੋਜ਼ਪੁਰ ਵਿੱਚ, ਹਮਲੇ ਵਿੱਚ ਇੱਕ ਘਰ ਨੂੰ ਨੁਕਸਾਨ ਪਹੁੰਚਿਆ ਅਤੇ ਇੱਕ ਪਰਿਵਾਰ ਦੇ ਤਿੰਨ ਮੈਂਬਰ ਜ਼ਖਮੀ ਹੋ ਗਏ। ਉਨ੍ਹਾਂ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ ਅਤੇ ਕਿਹਾ ਜਾ ਰਿਹਾ ਏ ਕਿ ਉਹ ਸੁਰੱਖਿਅਤ ਨੇ । ਫਿਰੋਜ਼ਪੁਰ ਪੁਲਿਸ ਮੁਖੀ ਭੁਪਿੰਦਰ ਸਿੰਘ ਸਿੱਧੂ ਦੇ ਅਨੁਸਾਰ, ਇਹ ਇੱਕ ਅਲੱਗ-ਥਲੱਗ ਘਟਨਾ ਸੀ, ਜਿਸ ਵਿੱਚ ਜ਼ਿਆਦਾਤਰ ਹਮਲਿਆਂ ਦਾ ਫੌਜ ਦੁਆਰਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕੀਤਾ ਗਿਆ ਸੀ। ਭਾਰਤੀ ਹਥਿਆਰਬੰਦ ਸੈਨਾਵਾਂ ਉੱਚ ਪੱਧਰੀ ਚੌਕਸੀ ਬਣਾਈ ਰੱਖ ਰਹੀਆਂ ਹਨ ਅਤੇ ਅਜਿਹੇ ਸਾਰੇ ਹਵਾਈ ਖਤਰਿਆਂ ਨੂੰ ਟਰੈਕ ਕੀਤਾ ਜਾ ਰਿਹਾ ਏ ਅਤੇ ਡਰੋਨ ਰੋਧੀ ਪ੍ਰਣਾਲੀਆਂ ਦੀ ਵਰਤੋਂ ਕਰਕੇ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਿਆ ਜਾ ਰਿਹਾ ਏ । ਸਥਿਤੀ 'ਤੇ ਨੇੜਿਓਂ ਅਤੇ ਨਿਰੰਤਰ ਨਜ਼ਰ ਰੱਖੀ ਜਾ ਰਹੀ ਏ । ਸਰਹੱਦੀ ਇਲਾਕਿਆਂ ਵਿੱਚ ਰਹਿਣ ਵਾਲੇ ਨਾਗਰਿਕਾਂ ਨੂੰ ਘਰ ਦੇ ਅੰਦਰ ਰਹਿਣ, ਬੇਲੋੜੀ ਆਵਾਜਾਈ ਨੂੰ ਸੀਮਤ ਕਰਨ ਅਤੇ ਸਥਾਨਕ ਅਧਿਕਾਰੀਆਂ ਦੁਆਰਾ ਜਾਰੀ ਸੁਰੱਖਿਆ ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਸਲਾਹ ਦਿੱਤੀ ਗਈ ਏ ।

ਉਨ੍ਹਾਂ ਕਿਹਾ ਏ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਏ , ਪਰ ਸੁਚੇਤ ਅਤੇ ਸਾਵਧਾਨ ਰਹਿਣਾ ਜ਼ਰੂਰੀ ਏ ।

---------------------------------------------------------

ਭਾਰਤ ਵੱਲੋਂ ਆਪ੍ਰੇਸ਼ਨ ਸਿੰਦੂਰ ਸ਼ੁਰੂ ਕਰਨ ਤੋਂ ਬਾਅਦ ਪਾਕਿਸਤਾਨ ਵਿੱਚ ਜੈਸ਼-ਏ-ਮੁਹੰਮਦ ਅਤੇ ਲਸ਼ਕਰ-ਏ-ਤੋਇਬਾ ਦੇ ਪੰਜ ਦਹਿਸ਼ਤਗਰਦ ਮਾਰੇ ਗਏ ਨੇ । ਹਲਕਿਆਂ ਨੇ ਦੱਸਿਆ ਏ ਕਿ ਇਹਨਾਂ ਦਹਿਸ਼ਤਗਰਦਾਂ'ਚ ਮੁਦੱਸਰ ਖਾਦੀਆਂ ਖਾਸ ਉਰਫ਼ ਅਬੂ ਜੰਦਾਲ, ਹਾਫਿਜ਼ ਮੁਹੰਮਦ ਜਮੀਲ ਜੋ ਕਿ ਮੌਲਾਨਾ ਮਸੂਦ ਅਜ਼ਹਰ ਦਾ ਰਿਸ਼ਤੇਦਾਰ ਸੀ, ਮੁਹੰਮਦ ਯੂਸਫ਼ ਅਜ਼ਹਰ, ਖਾਲਿਦ ਉਰਫ਼ ਅਬੂ ਅਕਾਸ਼ਾ ਅਤੇ ਮੁਹੰਮਦ ਹਸਨ ਖਾਨ ਸ਼ਾਮਿਲ ਨੇ। ਇਨ੍ਹਾਂ ਦਹਿਸ਼ਤਗਰਦਾਂ ਨੂੰ ਇਸ ਮਹੀਨੇ ਦੀ 7 ਤਰੀਕ ਨੂੰ ਆਪ੍ਰੇਸ਼ਨ ਦੌਰਾਨ ਮਾਰ ਦਿੱਤਾ ਗਿਆ ਸੀ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਤਿੰਨਾਂ ਫੌਜਾਂ ਦੇ ਮੁਖੀਆਂ ਨਾਲ ਮੀਟਿੰਗ ਕੀਤੀ । ਰਾਸ਼ਟਰੀ ਸੁਰਖਿਆ ਸੁਰਖਿਆ ਸਲਾਹਕਾਰ ਅਜੀਤ ਡੋਵਾਲ ਵੀ ਮੀਟਿੰਗ ਵਿੱਚ ਸ਼ਾਮਲ ਹੋਏ। ਇਹ ਮੀਟਿੰਗ ਪਾਕਿਸਤਾਨ ਖਿਲਾਫ਼ ਭਾਰਤ

ਦੀ ਜਵਾਬੀ ਕਾਰਵਾਈ ਦੇ ਵਿਚਕਾਰ ਰਾਸ਼ਟਰੀ ਰਾਜਧਾਨੀ ਵਿੱਚ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਹੋਈ ।

--------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਬ-ਪਾਰਟੀ ਮੀਟਿੰਗ ਬੁਲਾਈ । ਲੋਕਤੰਤਰੀ ਸਹਿਯੋਗ ਦੀਆਂ ਸਭ ਤੋਂ ਵਧੀਆ ਰਿਵਾਇਤਾਂ ਵਿੱਚ ਏਕਤਾ ਵਜੋਂ ਅੱਜ ਸੂਬੇ ਦੀਆਂ ਸਾਰੀਆਂ ਪ੍ਰਮੁੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇੱਕ ਉੱਚ-ਪੱਧਰੀ ਮੀਟਿੰਗ ਕੀਤੀ । ਇਸ ਦਾ ਉਦੇਸ਼ ਮੌਜੂਦਾ ਸੰਕਟ ਸਥਿਤੀ ਨੂੰ ਹੱਲ ਕਰਨ ਲਈ ਸਮਾਵੇਸ਼ੀ ਸਲਾਹ ਅਤੇ ਏਕੀਕ੍ਰਿਤ ਸਮਰਥਨ ਦੀ ਮੰਗ ਕਰਨਾ ਸੀ।

--------------------------------------------------------

ਭਾਰਤੀ ਹਵਾਈ ਅੱਡਾ ਅਥਾਰਟੀ ਨੇ 15 ਮਈ ਤੱਕ, ਦੇਸ਼ ਦੇ ਉੱਤਰੀ ਅਤੇ ਪੱਛਮੀ ਖੇਤਰਾਂ ਦੇ 32 ਹਵਾਈ ਅੱਡਿਆਂ ਤੋਂ ਉਡਾਣਾਂ ਨੂੰ ਅਸਥਾਈ ਤੌਰ 'ਤੇ ਬੰਦ ਕਰਨ ਦਾ ਐਲਾਨ ਕੀਤਾ ਏ। ਇਨ੍ਹਾਂ ਹਵਾਈ ਅੱਡਿਆਂ ਵਿੱਚ ਅੰਮ੍ਰਿਤਸਰ, ਚੰਡੀਗੜ੍ਹ, ਜੰਮੂ, ਸ਼੍ਰੀਨਗਰ, ਭੁਜ, ਜਾਮ-ਨਗਰ, ਜੈਸਲਮੇਰ, ਪਠਾਨਕੋਟ ਸਮੇਤ ਹੋਰ ਹਵਾਈ ਅੱਡੇ ਸ਼ਾਮਲ ਨੇ । ਇਸ ਤੋਂ ਇਲਾਵਾ, ਦਿੱਲੀ ਅਤੇ ਮੁੰਬਈ ਉਡਾਨ ਸੂਚਨਾ ਖੇਤਰਾਂ ਦੇ ਅੰਦਰ Air Traffic Service ਰੂਟਾਂ ਦੇ 25 segments ਵੀ ਇਸ ਸਮੇਂ ਦੌਰਾਨ ਬੰਦ

ਰਹਿਣਗੇ। ਹਵਾਈ ਕੰਪਨੀਆਂ ਨੂੰ ਵਿਘਨ ਨੂੰ ਘੱਟ ਕਰਨ ਲਈ ਬਦਲਵੇਂ ਰੂਟਾਂ ਦੀ ਯੋਜਨਾ ਬਣਾਉਣ ਦੀ ਸਲਾਹ ਦਿੱਤੀ ਗਈ ਏ। ਇਹ ਅਸਥਾਈ ਬੰਦ ਸੰਚਾਲਨ ਕਾਰਨਾਂ ਕਰਕੇ ਏ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਇਸਦਾ ਪ੍ਰਬੰਧਨ ਕੀਤਾ ਜਾਵੇਗਾ।

-----------------------------------------------------

ਓਧਰ ਦਿੱਲੀ ਦੇ ਇੰਦਰਾ ਗਾਂਧੀ ਅੰਤਰ-ਰਾਸ਼ਟਰੀ ਹਵਾਈ ਅੱਡੇ 'ਤੇ ਉਡਾਣਾਂ ਆਮ ਵਾਂਗ ਮੁੜ ਸ਼ੁਰੂ ਹੋ ਗਈਆਂ ਨੇ। ਇਸ ਦੌਰਾਨ, ਪਾਕਿਸਤਾਨ ਨਾਲ ਫੌਜੀ ਤਣਾਅ ਦਰਮਿਆਨ ਸੁਰੱਖਿਆ ਉਪਾਵਾਂ ਨੂੰ ਵਧਾਏ ਜਾਣ ਕਾਰਨ ਮੁਸਾਫ਼ਰਾਂ ਲਈ ਸਲਾਹ ਜਾਰੀ ਕੀਤੀ ਗਈ ਏ।

-----------------------------------------------------

ਇਸੇ ਦੌਰਾਨ ਉਤਰੀ ਰੇਲਵੇ ਨੇ ਮੱਦੇਨਜ਼ਰ ਅੰਮ੍ਰਿਤਸਰ ਤੋਂ ਰਾਤ ਨੂੰ ਚੱਲਣ ਵਾਲੀਆਂ ਸਾਰੀਆਂ ਰੇਲ ਗੱਡੀਆਂ ਰੱਦ ਕਰ ਦਿੱਤੀਆਂ ਨੇ । ਬਲੈਕ ਆਊਟ ਦੇ ਮੱਦੇਨਜ਼ਰ ਅੰਮ੍ਰਿਤਸਰ ਤੋਂ ਰਾਤ ਨੂੰ ਚਲਣ ਵਾਲੀਆਂ ਸਾਰੀਆਂ ਰੇਲ ਗੱਡੀਆਂ 20424, 12138 ਅਤੇ 04602 ਦੇ ਸਮੇ ਵਿਚ ਤਬਦੀਲੀ ਕੀਤੀ ਜਾਵੇਗੀ । ਅੰਮ੍ਰਿਤਸਰ ਤੋਂ ਰਾਤ ਨੂੰ ਚੱਲਣ ਵਾਲੀਆਂ ਰੱਦ ਕੀਤੀਆਂ ਗਈਆਂ ਪ੍ਰਮੁੱਖ ਰੇਲ ਗੱਡੀਆਂ ਵਿਚ ਜਨ ਸ਼ਤਾਬਦੀ, ਲਾਲ ਕੂਆਂ ਐਕਸਪ੍ਰੈੱਸ ,ਇੰਦੌਰ ਐਕਸਪ੍ਰੈੱਸ, ਗਰੀਬ

ਰੱਥ,  ਨਾਗਪੁਰ ਐਕਸਪ੍ਰੈੱਸ ,ਨੰਗਲ ਡੈਮ ਐਕਸਪ੍ਰੈੱਸ ਸ਼ਾਮਿਲ ਨੇ । ਇਸ ਤੋਂ ਇਲਾਵਾ ਅੰਮ੍ਰਿਤਸਰ ਤੋਂ ਦਿੱਲੀ ਲਈ ਹਰ ਰੋਜ਼ ਸਵੇਰੇ ਚੱਲਣ ਵਾਲੀ ਸ਼ਤਾਬਦੀ ਅਤੇ ਚੰਡੀਗੜ੍ਹ ਇੰਟਰਸਿਟੀ ਰੇਲ ਗੱਡੀ ਵੀ ਰੱਦ ਕੀਤੀ ਗਈ ਏ। ਇਸ ਦੇ ਨਾਲ ਨਾਲ ਗੋਲਡਨ ਟੈਂਪਲ ਮੇਲ, ਹੀਰਾ ਕੁੰਡ ਅਤੇ ਜਨ-ਨਾਇਕ ਐਕਸਪ੍ਰੈੱਸ ਨੂੰ ਅੰਮ੍ਰਿਤਸਰ ਦੀ ਬਜਾਏ ਦਿੱਲੀ ਤੋਂ ਚਲਾਉਣ ਦਾ ਫੈਸਲਾ ਕੀਤਾ ਗਿਆ ਏ।

----------------------------------------------------

-ਆਪਰੇਸ਼ਨ ਸੰਧੂਰ ਦੇ ਮੱਦੇਨਜ਼ਰ ਪੰਜਾਬ ਹਾਈ ਅਲਰਟ 'ਤੇ ਏ ਅਤੇ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਿਪਟਣ ਲਈ ਤਿਆਰ ਏ । ਪੰਜਾਬ ਸਰਕਾਰ ਵੱਲੋਂ ਸੂਬੇ ਦੇ ਗ੍ਰਹਿ ਵਿਭਾਗ ਨੂੰ ਰਾਜ ਦਾ ਨੋਡਲ ਵਿਭਾਗ ਬਣਾਇਆ ਗਿਆ ਏ ਅਤੇ ਇਹ ਕਿਸੇ ਵੀ ਸਥਿਤੀ ਨਾਲ ਨਿਪਟਣ ਲਈ, ਕੇਂਦਰ ਸਰਕਾਰ ਦੀਆਂ ਸੰਬੰਧਿਤ ਏਜੰਸੀਆਂ ਨਾਲ ਤਾਲਮੇਲ ਕਰੇਗਾ । ਸਾਰੇ ਜਿਲਿਆਂ ਨੂੰ ਉਨਾਂ ਦੀ ਜਰੂਰਤ ਮੁਤਾਬਿਕ ਪੇਸ਼ਗੀ ਫੰਡ ਜਾਰੀ ਕਰ ਦਿੱਤੇ ਗਏ ਨੇ

**ਪੇਸ਼ ਏ ਇੱਕ ਰਿਪੋਰਟ**

----------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੀਡੀਆ ਨੂੰ ਬੇਨਤੀ ਕੀਤੀ ਕਿ ਤੁਸੀਂ ਇੱਕ ਜ਼ਿੰਮੇਵਾਰੀ ਦੇ ਤੌਰ 'ਤੇ ਕੰਮ ਕਰੋ, ਲੋਕ ਤੁਹਾਡੇ 'ਤੇ ਵਿਸ਼ਵਾਸ਼

ਕਰਦੇ ਹਨ। ਕਿਸੇ ਵੀ ਤਰ੍ਹਾਂ ਦੀ FAKE NEWS ਫੈਲਾਅ ਕੇ ਲੋਕਾਂ 'ਚ ਘਬਰਾਹਟ ਦਾ ਮਾਹੌਲ ਨਾ ਬਣਾਇਆ ਜਾਵੇ। ਸਹੀ ਤੇ ਸਟੀਕ ਜਾਣਕਾਰੀ ਲੋਕਾਂ ਤੱਕ ਪਹੁੰਚਾਓ।

---------------------------------------------------------------

ਭਾਰਤ ਅਤੇ ਪਾਕਿਸਤਾਨ ਤੁਰੰਤ ਪ੍ਰਭਾਵ ਨਾਲ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਸਹਿਮਤ ਹੋਏ ਨੇ. ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਨਵੀਂ ਦਿੱਲੀ ਵਿੱਚ ਇਸ ਸਬੰਧ ਵਿੱਚ ਇੱਕ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪ੍ਰੇਸ਼ਨ ਨੇ ਅੱਜ ਦੁਪਹਿਰ ਬਾਅਦ ਜੰਗਬੰਦੀ ਦੀ ਮੰਗ ਕੀਤੀ, ਜਿਸ ਤੋਂ ਬਾਅਦ ਚਰਚਾ ਹੋਈ ਅਤੇ ਸਮਝੌਤਾ ਹੋਇਆ। ਵਿਦੇਸ਼ ਮੰਤਰਾਲੇ ਨੇ ਸਪੱਸ਼ਟ ਕੀਤਾ ਏ ਕਿ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਦਾ ਫੈਸਲਾ ਦੋਵਾਂ ਦੇਸ਼ਾਂ ਵਿਚਕਾਰ ਸਿੱਧੇ ਤੌਰ 'ਤੇ ਕੀਤਾ ਗਿਆ ਸੀ। ਇਸ ਵਿੱਚ ਕਿਹਾ ਗਿਆ ਏ ਕਿ ਕਿਸੇ ਹੋਰ ਜਗ੍ਹਾ 'ਤੇ ਕਿਸੇ ਹੋਰ ਮੁੱਦੇ 'ਤੇ ਗੱਲਬਾਤ ਕਰਨ ਦਾ ਕੋਈ ਫੈਸਲਾ ਨਹੀਂ ਏ ।

---------------------------------------------------------------

ਏਅਰ ਟ੍ਰੈਫਿਕ ਕੰਟਰੋਲ-ਏ.ਟੀ.ਸੀ ਤੋਂ ਮੁੜ ਪ੍ਰਵਾਨਗੀ ਤੋਂ ਬਾਅਦ, ਉਤਰਾਖੰਡ ਦੇ ਕੇਦਾਰਨਾਥ ਧਾਮ ਲਈ ਹੈਲੀਕਾਪਟਰ ਸੇਵਾ ਮੁੜ ਸ਼ੁਰੂ ਕਰ ਦਿੱਤੀ ਗਈ ਏ। ਏਟੀਸੀ ਨੇ ਦੇਸ਼ ਦੀਆਂ ਸਾਰੀਆਂ ਹਵਾਈ

ਯਾਤਰਾਵਾਂ ਦੀ ਸਮੀਖਿਆ ਕੀਤੀ ਏ ਅਤੇ ਚਾਰ-ਧਾਮ ਯਾਤਰਾ ਦੌਰਾਨ ਹੈਲੀਕਾਪਟਰ ਸੇਵਾਵਾਂ ਨੂੰ ਪ੍ਰਵਾਨਗੀ ਦੇ ਦਿੱਤੀ ਏ। ਕੁਝ ਘੰਟਿਆਂ ਲਈ ਪ੍ਰਵਾਨਗੀ ਨਾ ਮਿਲਣ ਕਾਰਨ ਕੇਦਾਰਨਾਥ ਹੈਲੀਕਾਪਟਰ ਸੇਵਾ ਬੰਦ ਕਰ ਦਿੱਤੀ ਗਈ ਸੀ, ਜੋ ਹੁਣ ਸੁਚਾਰੂ ਢੰਗ ਨਾਲ ਚੱਲ ਰਹੀ ਏ। ਇਸ ਦੌਰਾਨ, ਚਾਰਧਾਮ ਯਾਤਰਾ ਬਿਨਾਂ ਕਿਸੇ ਰੁਕਾਵਟ ਦੇ ਸੁਚਾਰੂ ਢੰਗ ਨਾਲ ਚਲਾਈ ਜਾ ਰਹੀ ਏ . ਹੁਣ ਤੱਕ 4 ਲੱਖ ਤੋਂ ਵੱਧ ਸ਼ਰਧਾਲੂ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਨੇ. ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਵੱਲ ਧਿਆਨ ਨਾ ਦੇਣ ਦੀ ਅਪੀਲ ਕੀਤੀ ਏ। ਓਹਨਾਂ ਕਿਹਾ ਏ ਕਿ ਰਾਜ ਸਰਕਾਰ ਸਾਰੇ ਸ਼ਰਧਾਲੂਆਂ ਲਈ ਯਾਤਰਾ ਦੇ ਅਨੁਭਵ ਨੂੰ ਸੁਰੱਖਿਅਤ ਅਤੇ ਸੁਵਿਧਾਜਨਕ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਏ।

---------------------------------------------------

- ਭਾਰਤੀ ਹਥਿਆਰਬੰਦ ਫੌਜਾਂ ਨੇ, ਪਾਕਿਸਤਾਨ ਦੀਆਂ ਵਧ ਰਹੀਆਂ ਹਮਲਾਵਰ ਅਤੇ ਭੜਕਾਊ ਕਾਰਵਾਈਆਂ ਦੇ ਜਵਾਬ ਵਿੱਚ, ਉਸਦੇ ਫੌਜੀ ਠਿਕਾਣਿਆਂ 'ਤੇ ਸਟੀਕ ਹਮਲੇ ਕੀਤੇ।

- ਭਾਰਤ ਵੱਲੋਂ ਆਪ੍ਰੇਸ਼ਨ ਸਿੰਦੂਰ ਸ਼ੁਰੂ ਕਰਨ ਤੋਂ ਬਾਅਦ, ਪਾਕਿਸਤਾਨ ਵਿੱਚ ਜੈਸ਼-ਏ-ਮੁਹੰਮਦ ਅਤੇ ਲਸ਼ਕਰ-ਏ-ਤੋਇਬਾ ਦੇ ਪੰਜ ਦਹਿਸ਼ਤਗਰਦ ਮਾਰੇ ਗਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਤਿੰਨਾਂ ਫੌਜਾਂ ਦੇ ਮੁਖੀਆਂ ਨਾਲ ਮੀਟਿੰਗ ਕੀਤੀ।
- ਭਾਰਤੀ ਹਵਾਈ ਅੱਡਾ ਅਥਾਰਟੀ ਵਲੋਂ 15 ਮਈ ਤੱਕ, ਦੇਸ਼ ਦੇ ਉੱਤਰੀ ਅਤੇ ਪੱਛਮੀ ਖੇਤਰਾਂ ਦੇ 32 ਹਵਾਈ ਅੱਡਿਆਂ ਤੋਂ ਉਡਾਣਾਂ ਨੂੰ ਅਸਥਾਈ ਤੌਰ 'ਤੇ ਬੰਦ ਕਰਨ ਦਾ ਐਲਾਨ।
- ਭਾਰਤ ਅਤੇ ਪਾਕਿਸਤਾਨ ਤੁਰੰਤ ਪ੍ਰਭਾਵ ਨਾਲ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਸਹਿਮਤ ਹੋਏ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 50 ਮਿੰਟ 'ਤੇ ਨਮਸਕਾਰ !